ਐਸ.ਏ.ਐਸ ਨਗਰ ਅਜੀਤ
ਅਜੀਤ ਚੰਡੀਗੜ੍ਹ
ਸੋਮਵਾਰ, 20 ਅਕਤੂਬਰ 2025



# ਸੀ. ਜੀ. ਸੀ. ਯੂਨੀਵਰਸਿਟੀ ਮੁਹਾਲੀ ਵਿਖੇ ਸਟਾਰ ਨਾਈਟ ਕਰਵਾਈ

ਐੱਸ. ਏ. ਐੱਸ. ਨਗਰ, 19 ਅਕਤੂਬਰ (ਤਰਵਿੰਦਰ ਸਿੰਘ ਬੈਨੀਪਾਲ)- ਸੀ. ਜੀ. ਸੀ. ਯੂਨੀਵਰਸਿਟੀ ਮੁਹਾਲੀ ਵਲੋਂ ਸ਼ਾਨਦਾਰ ਸਟਾਰ ਨਾਈਟ ਕਰਵਾਈ ਗਈ।



ਸੀ. ਜੀ. ਸੀ. ਯੂਨੀਵਰਸਿਟੀ ਮੁਹਾਲੀ ਵਿਖੇ ਸਟਾਰ ਨਾਈਟ ਦੌਰਾਨ ਪੇਸ਼ਕਾਰੀ ਦਿੰਦੀ ਹੋਈ ਬਾਲੀਵੁੱਡ ਦੀ ਪ੍ਰਸਿੱਧ ਗਾਇਕ ਜੋੜੀ ਸਲੀਮ-ਸੁਲੇਮਾਨ। *ਅਜੀਤ ਤਸਵੀਰ*

ਇਸ ਦੌਰਾਨ ਪ੍ਰਸਿੱਧ ਬਾਲੀਵੁੱਡ ਗਾਇਕ ਜੋੜੀ ਸਲੀਮ-ਸੁਲੇਮਾਨ ਨੇ ਹਾਜ਼ਰ ਦਰਸ਼ਕਾਂ ਨੂੰ ਆਪਣੀ ਗਾਇਕੀ ਦੇ ਹੁਨਰ ਨਾਲ ਮੰਤਰ-ਮੁਗਧ ਕੀਤਾ। ਖ਼ੂਬਸੂਰਤ ਗੀਤਾਂ ਦੀਆਂ ਤਰਜ਼ਾਂ 'ਤੇ ਹਜ਼ਾਰਾਂ ਵਿਦਿਆਰਥੀ ਝੂੰਮਦੇ ਨਜ਼ਰ ਆਏ। ਸਲੀਮ-ਸੁਲੇਮਾਨ ਨੇ ਲਗਾਤਾਰ ਚਾਰ ਘੰਟੇ ਸਟੇਜ 'ਤੇ ਲਾਈਵ ਪ੍ਰਫਾਰਮੈਂਸ ਦਿੰਦੇ ਹੋਏ ਹਾਜ਼ਰ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕੀਤਾ। ਇਸ ਦੌਰਾਨ 'ਤੁਝ ਮੈਂ ਰੱਬ ਦਿਖਤਾ ਹੈ', 'ਓ ਰੇ ਪੀਆ', 'ਸ਼ੁਕਰਾਨ ਅੱਲ੍ਹਾ', 'ਹੌਲੇ-ਹੌਲੇ' ਜਿਹੇ ਰੋਮਾਂਟਿਕ ਗੀਤਾਂ ਨੇ ਖ਼ੂਬ ਨਜ਼ਾਰਾ ਬੰਨ੍ਹਿਆ। ਇਸ ਦੇ ਨਾਲ ਹੀ ਡਾਂਸ ਤੇ ਐਨਰਜ਼ੀ ਭਰਪੂਰ ਟਰੈਕਾਂ ਜਿਵੇਂ ਕਿ 'ਐਨਵਈ ਐਨਵਈ', 'ਬਾਰੀ ਬਰਸੀ', 'ਡਾਂਸ ਪੇ ਚਾਂਸ' ਅਤੇ 'ਆਦਤ ਸੇ ਮਜਬੂਰ' ਆਦਿ 'ਤੇ ਵੀ ਵਿਦਿਆਰਥੀ ਖ਼ੂਬ ਨੱਚੇ। ਇਸ ਤੋਂ ਬਾਅਦ ਗਾਇਕ ਜੋੜੀ ਨੇ ਪ੍ਰੇਰਨਾਦਾਇਕ ਅਤੇ ਦੇਸ਼-ਭਗਤੀ 'ਤੇ ਆਧਾਰਿਤ ਗੀਤ 'ਚੱਕ ਦੇ ਇੰਡੀਆ' ਗਾ ਕੇ ਸਮੁੱਚੇ ਯੂਨੀਵਰਸਿਟੀ ਕੈਂਪਸ ਨੂੰ ਦੇਸ਼-ਭਗਤੀ ਦੇ ਰੰਗ 'ਚ ਰੰਗ ਦਿੱਤਾ। ਇਸੇ ਦੌਰਾਨ ਯੂਨੀਵਰਸਿਟੀ ਦੇ ਐੱਮ. ਡੀ. ਅਰਸ਼ ਧਾਲੀਵਾਲ ਨੇ ਸਾਰਿਆਂ ਨੂੰ 'ਜੀ ਆਇਆ' ਆਖਦਿਆਂ ਦੱਸਿਆ ਕਿ 'ਸਾਵਿਸਕਾਰ-2025' ਨਾਮਕ ਟੈਕਨੋ-ਕਲਚਰਲ ਮਹਾਉਤਸਵ ਦਾ ਪ੍ਰਬੰਧ ਵਿਦਿਆਰਥੀਆਂ ਦੀਆਂ ਸੋਚਾਂ ਦੀਆਂ ਉਡਾਣਾਂ ਅਤੇ ਉਨ੍ਹਾਂ ਦੇ ਰਚਨਾਤਮਿਕ ਦਿਮਾਗ਼ ਨੂੰ ਇਕ ਪਲੇਟਫ਼ਾਰਮ 'ਤੇ ਲੈ ਕੇ ਆਉਣਾ ਸੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਸੰਗੀਤਕ ਪ੍ਰੋਗਰਾਮ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਪ੍ਰੈਸ਼ਰ ਤੋਂ ਦੂਰ ਕਰਕੇ ਉਨ੍ਹਾਂ ਨੂੰ ਤਰੋ-ਤਾਜ਼ਾ ਮਹਿਸੂਸ ਕਰਵਾਉਂਦੇ ਹਨ। ਉਨ੍ਹਾਂ ਗਾਇਕ ਜੋੜੀ ਸਲੀਮ-ਸੁਲੇਮਾਨ ਦਾ ਵੀ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਰਾਤ ਨੂੰ ਆਵਾਜ਼, ਰੂਹ ਅਤੇ ਇਕਜੁੱਟਤਾ ਦੇ ਇਕ ਅਭੁੱਲ ਜਸ਼ਨ 'ਚ ਬਦਲ ਦਿੱਤਾ।

# ਵਿਧਾਇਕ ਕੁਲਵੰਤ ਸਿੰਘ ਦੇ ਯਤਨਾਂ ਸਦਕਾ ਗਮਾਡਾ ਨੇ ਐਨਹਾਂਸਮੈਂਟ ਰਕਮ ਘਟਾਈ

ਐੱਸ. ਏ. ਐੱਸ. ਨਗਰ, 19 ਅਕਤੂਬਰ (ਤਰਵਿੰਦਰ ਸਿੰਘ ਬੈਨੀਪਾਲ)- ਵਿਧਾਇਕ ਕੁਲਵੰਤ ਸਿੰਘ ਦੇ ਲਗਾਤਾਰ ਯਤਨਾਂ ਤੋਂ ਬਾਅਦ ਗਮਾਡਾ ਵਲੋਂ



ਮੁਹਾਲੀ ਦੇ ਸੈਕਟਰ-76 ਤੋਂ 80 ਦੇ ਪਲਾਟ ਹੋਲਡਰਾਂ ਨੂੰ ਵੱਡੀ ਰਾਹਤ ਮਿਲਣ 'ਤੇ ਵਿਧਾਇਕ ਕੁਲਵੰਤ ਸਿੰਘ ਦਾ ਧੰਨਵਾਦ ਕਰਨ ਪਹੁੰਚੇ ਐਂਟੀ ਐਨਹਾਂਸਮੈਂਟ ਕਮੇਟੀ ਦੇ ਆਗੂ ਤੇ ਹੋਰ ਨਿਵਾਸੀ। *ਅਜੀਤ ਤਸਵੀਰ*

ਪਲਾਟਾਂ ਦੀ ਐਨਹਾਂਸਮੈਂਟ ਰਕਮ ਨੂੰ 3164 ਰੁ. ਪ੍ਰਤੀ ਵਰਗ ਮੀਟਰ ਤੋਂ ਘਟਾ ਕੇ 2325 ਰੁ. ਪ੍ਰਤੀ ਵਰਗ ਮੀਟਰ ਕਰਨ ਨਾਲ ਸਥਾਨਕ ਸੈਕਟਰ 76 ਤੋਂ 80 ਦੇ ਪਲਾਟ ਹੋਲਡਰਾਂ ਨੂੰ ਇਕ ਵੱਡੀ ਰਾਹਤ ਮਿਲੀ ਹੈ। ਇਸ ਨਾਲ ਪਲਾਟ ਹੋਲਡਰਾਂ ਨੂੰ 839 ਰੁਪਏ ਪ੍ਰਤੀ ਵਰਗ ਮੀਟਰ ਦੀ ਸਿੱਧੀ ਰਾਹਤ ਪ੍ਰਾਪਤ ਹੋਈ ਹੈ, ਜਿਸ ਦਾ ਫ਼ਾਇਦਾ ਲਗਪਗ 10 ਹਜ਼ਾਰ ਪਲਾਟ ਹੋਲਡਰਾਂ ਨੂੰ ਮਿਲੇਗਾ। ਇਸ ਸੰਬੰਧੀ ਐਂਟੀ ਐਨਹਾਂਸਮੈਂਟ ਕਮੇਟੀ ਅਤੇ ਪ੍ਰਭਾਵਿਤ ਸੈਕਟਰਾਂ ਦੇ ਪ੍ਰਤੀਨਿਧੀਆਂ ਵਲੋਂ ਅੱਜ ਵਿਧਾਇਕ ਕੁਲਵੰਤ ਸਿੰਘ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਧੰਨਵਾਦ ਪ੍ਰਗਟਾਇਆ ਗਿਆ। ਇਸ ਮੌਕੇ ਉਨ੍ਹਾਂ ਵਲੋਂ ਇਕ ਪ੍ਰੈੱਸ ਕਾਨਫ਼ਰੰਸ ਵੀ ਕੀਤੀ ਗਈ, ਜਿਸ ਵਿਚ ਉਨ੍ਹਾਂ ਨੇ ਲੋਕਾਂ ਨੂੰ ਇਸ ਮਹੱਤਵਪੂਰਨ ਫ਼ੈਸਲੇ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਵਿਧਾਇਕ ਨੇ ਕਿਹਾ ਕਿ 2013 ਵਿਚ ਪਲਾਟਾਂ ਦੀ ਕੀਮਤ ਵਿਚ ਵਾਧੇ ਦੀ ਰਕਮ 700 ਤੋਂ 850 ਰੁਪਏ ਪ੍ਰਤੀ ਵਰਗ ਮੀਟਰ ਦੇ ਵਿਚਕਾਰ ਸੀ, ਪਰ ਪਿਛਲੀਆਂ ਸਰਕਾਰਾਂ ਨੇ ਇਸ ਮਾਮਲੇ ਨੂੰ ਰਾਜਨੀਤਿਕ ਕਾਰਨਾਂ ਕਰਕੇ ਲੰਬਾ ਸਮੇਂ ਖਿੱਚਿਆ, ਜਿਸ ਕਰਕੇ ਇਹ ਰਕਮ 3164 ਰੁਪਏ ਪ੍ਰਤੀ ਵਰਗ ਮੀਟਰ ਤੱਕ ਵੱਧ ਗਈ ਸੀ। ਵਿਧਾਇਕ ਨੇ ਕਿਹਾ ਕਿ ਗਮਾਡਾ ਅਨੁਸਾਰ ਜੇਕਰ ਕਿਸੇ ਪਲਾਟ ਹੋਲਡਰ ਵਲੋਂ ਪਹਿਲਾਂ ਹੀ ਵਧੀ ਰਕਮ ਜ਼ਿਆਦਾ ਅਦਾ ਕਰ ਦਿੱਤੀ ਗਈ ਹੈ ਤਾਂ ਵਾਧੂ ਅਦਾ ਕੀਤੀ ਰਕਮ ਵਾਪਸ ਕੀਤੀ ਜਾਵੇਗੀ ਤੇ ਨਵੇਂ ਨੋਟਿਸ ਜਲਦ ਹੀ ਜਾਰੀ ਕਰ ਦਿੱਤੇ ਜਾਣਗੇ। ਇਸ ਮੌਕੇ ਐਂਟੀ ਐਨਹਾਂਸਮੈਂਟ ਕਮੇਟੀ ਦੇ ਕਨਵੀਨਰ ਸੁਖਦੇਵ ਸਿੰਘ ਪਟਵਾਰੀ, ਰਾਜੀਵ ਵਸ਼ਿਸ਼ਟ, ਜਰਨੈਲ ਸਿੰਘ, ਚਰਨਜੀਤ ਕੌਰ ਦਿਉਲ, ਮੇਜਰ ਸਿੰਘ, ਸੁਖਚੈਨ ਸਿੰਘ ਤੇ ਹੋਰ ਹਾਜ਼ਰ ਸਨ।



ਕੁਰਾਲੀ ਦੇ ਮੁੱਖ ਬਾਜ਼ਾਰ ਵਿਚ ਇਕ ਕੱਪੜਿਆਂ ਦੇ ਸਟਾਲ ਉੱਤੇ ਖ਼ਰੀਦਦਾਰੀ ਕਰਦੇ ਹੋਏ ਲੋਕ। *ਤਸਵੀਰ : ਹਰਪ੍ਰੀਤ ਸਿੰਘ*

# ਦੀਵਾਲੀ ਅਤੇ ਬੰਦੀ ਛੋੜ ਦਿਵਸ ਦੇ ਸੰਬੰਧ ਵਿਚ ਸ਼ਹਿਰ 'ਚ ਲੋਕਾਂ ਨੇ ਕੀਤੀ ਭਾਰੀ ਖ਼ਰੀਦਦਾਰੀ

ਕੁਰਾਲੀ, 19 ਅਕਤੂਬਰ (ਹਰਪ੍ਰੀਤ ਸਿੰਘ)-ਦੀਵਾਲੀ ਅਤੇ ਬੰਦੀ ਛੋੜ ਦਿਵਸ ਦੇ ਸੰਬੰਧ ਵਿਚ ਅੱਜ ਜਿਥੇ ਸ਼ਹਿਰ ਵਿਚਲੀਆਂ ਆਤਿਸ਼ਬਾਜ਼ੀ ਦੀਆਂ ਦੁਕਾਨਾਂ ਉੱਤੇ ਭਾਰੀ ਭੀੜ ਦਿਖਾਈ ਦਿੱਤੀ, ਉਥੇ ਹੀ ਸ਼ਹਿਰ ਦੇ ਮੁੱਖ ਬਾਜ਼ਾਰ ਵਿਚ ਵੀ ਲੋਕਾਂ ਨੇ ਮਿਠਾਈਆਂ, ਕੱਪੜੇ, ਹੋਜ਼ਰੀ, ਫਲ-ਫਰੂਟ, ਡਰਾਈ ਫਰੂਟ, ਗਿਫਟ, ਬਿਜਲੀ ਦਾ ਸਾਮਾਨ ਆਦਿ ਦੀ ਭਾਰੀ ਖਰੀਦਦਾਰੀ ਕੀਤੀ। ਇਸ ਮੌਕੇ ਮਿੱਟੀ ਦੇ ਦੀਵਿਆਂ ਦੀਆਂ ਸਟਾਲਾਂ ਉੱਤੇ ਵੀ ਖਰੀਦਦਾਰਾਂ ਦੀ ਵੱਡੀ ਰੌਣਕ ਦੇਖਣ ਨੂੰ ਮਿਲੀ। ਨਾਲ ਹੀ ਇਸ ਦੌਰਾਨ ਲੋਕ ਦੀਵਾਲੀ ਦੇ ਦਿਹਾੜੇ ਦੇ ਦਿਨ ਨੂੰ ਲੈ ਕੇ ਦੋ-ਚਿੱਤੀ ਵਿਚ ਵੀ ਰਹੇ। ਇਸ ਮੌਕੇ ਰੋਸ਼ਨੀਆਂ ਦੇ ਤਿਓਹਾਰ ਨੂੰ ਮੁੱਖ ਰੱਖ ਕੇ ਕੁਝ ਲੋਕਾਂ ਵਲੋਂ ਜਿਥੇ ਸੋਮਵਾਰ ਨੂੰ ਦੀਵਾਲੀ ਮਨਾਉਣ ਦੀ ਗੱਲ ਕੀਤੀ ਜਾਂਦੀ ਰਹੀ, ਉਥੇ ਵਧੇਰੇ ਲੋਕਾਂ ਨੇ ਮੰਗਲਵਾਰ ਵਾਲੇ ਦਿਨ ਦੀਵਾਲੀ ਮਨਾਉਣ ਦੀ ਗੱਲ ਆਖੀ। ਇਸੇ ਦੋ-ਚਿੱਤੀ ਦੇ ਵਿਚ ਲੋਕਾਂ ਵਲੋਂ ਬਾਜ਼ਾਰ ਵਿਚ ਭਾਰੀ ਖਰੀਦਦਾਰੀ ਕੀਤੀ ਗਈ।



ਪਿੰਡ ਖਜੂਰ ਮੰਡੀ ਸਥਿਤ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਬੂਟੇ ਲਗਾਉਂਦੇ ਹੋਏ ਸਰਘੀ ਕਲਾ ਕੇਂਦਰ ਤੇ ਪੈ.ਗਾਮ-ਏ-ਨਾਮਾ ਦੇ ਅਹੁਦੇਦਾਰ। *ਤਸਵੀਰ : ਰਾਜਬੀਰ ਸਿੰਘ*

# ਸਰਘੀ ਕਲਾ ਕੇਂਦਰ ਤੇ ਪੈ.ਗਾਮ-ਏ-ਨਾਮਾ ਨੇ ਹੜ੍ਹਾਂ ਦੌਰਾਨ ਡਿੱਗੇ ਦੋ ਘਰਾਂ ਦਾ ਕੰਮ ਸ਼ੁਰੂ ਕਰਵਾਇਆ

ਲਾਲੜੂ, 19 ਅਕਤੂਬਰ (ਰਾਜਬੀਰ ਸਿੰਘ)-ਸਰਘੀ ਕਲਾ ਕੇਂਦਰ ਤੇ ਪੈ.ਗਾਮ-ਏ-ਨਾਮਾ ਦੇ ਪ੍ਰਧਾਨ ਸੰਜੀਵਨ ਸਿੰਘ ਅਤੇ ਨਗਰ ਨਿਗਮ ਮੁਹਾਲੀ ਦੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਲਾਲੜੂ ਨੇੜਲੇ ਪਿੰਡ ਖਜੂਰ ਮੰਡੀ ਵਿਖੇ ਹੜ੍ਹਾਂ ਦੌਰਾਨ ਮਜ਼ਦੂਰ ਵਰਗ ਨਾਲ ਸੰਬੰਧਤ ਪਰਿਵਾਰਾਂ ਦੇ ਡਿੱਗੇ ਦੋ ਘਰਾਂ ਦੀ ਮੁੜ ਉਸਾਰੀ ਦੀ ਕੰਮ ਸ਼ੁਰੂ ਕਰਵਾਇਆ। ਇਸ ਮੌਕੇ ਡਿਪਟੀ ਮੇਅਰ ਬੇਦੀ ਨੇ ਕਿਹਾ ਕਿ ਪਿਛਲੇ ਦਿਨੀਂ ਪੰਜਾਬ 'ਚ ਹੜ੍ਹਾਂ ਦੌਰਾਨ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਹੈ ਤੇ ਅਸੀਂ ਪੀੜਤ ਲੋਕਾਂ ਦੇ ਨਾਲ ਖੜ੍ਹੇ ਹਾਂ। ਸੰਜੀਵਨ ਸਿੰਘ ਨੇ ਪੰਜਾਬੀ ਸ਼ਾਇਰਾ ਕੁਲਵਿੰਦਰ ਕੌਰ (ਦੁਬਈ) ਦਾ ਇਸ ਕਾਰਜ ਲਈ ਦਿੱਤੇ ਗਏ ਵਿੱਤੀ ਸਹਿਯੋਗ ਲਈ ਵਿਸ਼ੇਸ਼ ਧੰਨਵਾਦ ਕਰਦਿਆਂ ਦੱਸਿਆ ਕਿ ਸਾਡੀਆਂ ਸੰਸਥਾਵਾਂ ਲੰਮੇ ਸਮੇਂ ਤੋਂ ਰੰਗਮੰਚ, ਸਾਹਿਤ, ਭਾਸ਼ਾ, ਲੋਕ ਸੱਭਿਆਚਾਰ ਅਤੇ ਸਮਾਜ ਭਲਾਈ ਦੇ ਕੰਮਾਂ ਵਿਚ ਕਾਰਜਸ਼ੀਲ ਹਨ। ਇਸ ਮੌਕੇ ਅਜੈਬ ਸਿੰਘ ਬਾਕਰਪੁਰ ਵਲੋਂ ਉਸਾਰੀ ਕਾਰਜ ਦੀ ਸ਼ੁਰੂਆਤ ਲਈ ਅਰਦਾਸ ਕੀਤੀ ਗਈ। ਇਸ ਮੌਕੇ ਹੜ੍ਹਾਂ ਨਾਲ ਡਿੱਗੇ ਦੋਵੇਂ ਘਰਾਂ ਦੇ ਪਰਿਵਾਰਕ ਮੈਂਬਰ, ਪਿੰਡ ਦੇ ਸਾਬਕਾ ਸਰਪੰਚ ਮਲਕੀਤ ਸਿੰਘ ਸਮੇਤ ਸਕੂਲ ਅਧਿਆਪਕਾ ਸਰਬਜੀਤ ਕੌਰ ਅਤੇ ਸਰਘੀ ਕਲਾ ਕੇਂਦਰ ਵਲੋਂ ਨਾਟਕਕਾਰ ਤੇ ਫ਼ਿਲਮੀ ਐਕਟਰ ਗੁਰਵਿੰਦਰ ਸਿੰਘ ਅਤੇ ਰੰਗਕਰਮੀ ਸਰਬਪ੍ਰੀਤ ਸਿੰਘ ਆਦਿ ਹਾਜ਼ਰ ਸਨ।



ਮੁਲਜ਼ਮਾਂ ਨੂੰ ਕੋਰਟ ਵਿਚ ਪੇਸ਼ ਕਰਨ ਲਈ ਲੈ ਕੇ ਜਾਂਦੇ ਹੋਏ ਪੁਲਿਸ ਮੁਲਾਜ਼ਮ। *ਤਸਵੀਰ : ਮਨਿੰਦਰ ਸਿੰਘ*

# ਬੱਸ ਸਟੈਂਡ ਕੋਲ ਹੋਈ ਫਾਇਰਿੰਗ ਮਾਮਲੇ 'ਚ ਦੋ ਹੋਰ ਮੁਲਜ਼ਮ ਕਾਬੂ

ਜ਼ੀਰਕਪੁਰ, 19 ਅਕਤੂਬਰ (ਮਨਿੰਦਰ ਸਿੰਘ)-ਬੀਤੀ 28-29 ਸਤੰਬਰ ਦੀ ਰਾਤ ਨੂੰ ਜ਼ੀਰਕਪੁਰ ਬੱਸ ਸਟੈਂਡ ਨੇੜੇ ਦੋ ਧੜਿਆਂ ਵਿਚ ਬਹਿਸ ਹੋਣ ਤੋਂ ਬਾਅਦ ਹੋਈ ਫਾਇਰਿੰਗ ਦੇ ਮਾਮਲੇ ਵਿਚ ਪੁਲਿਸ ਨੇ ਦੋ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਘਟਨਾ ਵਿਚ ਸਿਰ 'ਤੇ ਗੋਲੀ ਲੱਗਣ ਕਾਰਨ ਗੁਰਵਿੰਦਰ ਸਿੰਘ ਵਾਸੀ ਪਿੰਡ ਨਗਲਾ ਗੰਭੀਰ ਰੂਪ 'ਚ ਜਖ਼ਮੀ ਹੋ ਗਿਆ ਸੀ। ਇਸ ਸੰਬੰਧੀ ਪੁਲਿਸ ਨੇ ਜਤਿੰਦਰ ਸਿੰਘ ਦੀ ਸ਼ਿਕਾਇਤ 'ਤੇ ਮੁਕੇਸ਼ ਕੁਮਾਰ, ਸ਼ਿਵਮ ਤਿਵਾੜੀ, ਪ੍ਰਿੰਸ ਤੇ 4-5 ਹੋਰ ਅਣਪਛਾਤਿਆਂ ਖਿਲਾਫ਼ ਮਾਮਲਾ ਦਰਜ ਕੀਤਾ ਸੀ ਅਤੇ ਇਸ ਮਾਮਲੇ ਵਿਚ ਮੁਕੇਸ਼ ਨੂੰ ਪੁਲਿਸ ਨੇ 30 ਸਤੰਬਰ ਨੂੰ ਹੀ ਗ੍ਰਿਫ਼ਤਾਰ ਕਰ ਲਿਆ ਸੀ। ਹੁਣ ਇਸ ਮਾਮਲੇ ਵਿਚ ਪੁਲਿਸ ਨੇ ਦੋ ਹੋਰ ਮੁਲਜ਼ਮਾਂ ਪ੍ਰਿੰਸ ਉਰਫ਼ ਸ਼ੌਕਤ ਅਲੀ ਵਾਸੀ ਬਿਹਾਰ, ਹਾਲ ਵਾਸੀ ਸਿੰਘਪੁਰਾ ਤੇ ਵਿਕਾਸ ਉਰਫ ਦੁਬੇ ਵਾਸੀ ਉੱਤਰ ਪ੍ਰਦੇਸ਼, ਹਾਲ ਵਾਸੀ ਲੋਹਗੜ੍ਹ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਜ਼ਿਕਰਯੋਗ ਹੈ ਕਿ ਜ਼ੀਰਕਪੁਰ ਬੱਸ ਸਟੈਂਡ ਦੇ ਕੋਲ ਦੋ ਧੜਿਆਂ ਵਿਚ ਹੋਈ ਗੋਲੀਬਾਰੀ ਦੌਰਾਨ ਮੁਲਜ਼ਮ ਪ੍ਰਿੰਸ ਵਲੋਂ ਚਲਾਈ ਗੋਲੀ ਗੁਰਵਿੰਦਰ ਸਿੰਘ ਦੇ ਸਿਰ ਵਿਚ ਲੱਗੀ ਸੀ ਅਤੇ ਇਸ ਫਾਇਰਿੰਗ ਤੋਂ ਬਾਅਦ ਸਾਰੇ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਏ ਸਨ। ਇਸ ਸੰਬੰਧੀ ਜ਼ੀਰਕਪੁਰ ਪੁਲਿਸ ਨੇ ਦੱਸਿਆ ਕਿ ਦੋਵੇਂ ਮੁਲਜ਼ਮਾਂ ਨੂੰ ਕੋਰਟ ਵਿਚ ਪੇਸ਼ ਕੀਤਾ ਗਿਆ, ਜਿਥੋਂ ਕੋਰਟ ਨੇ ਦੋਨਾਂ ਨੂੰ ਤਿੰਨ ਦਿਨਾਂ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਹੈ। ਪੁਲਿਸ ਨੇ ਦੱਸਿਆ ਕਿ ਬਾਕੀ ਮੁਲਜ਼ਮਾਂ ਨੂੰ ਵੀ ਛੇਤੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਦੀਵਾਲੀ ਵਾਲੇ ਦਿਨ ਜ਼ਿਲ੍ਹੇ ਦੀਆਂ ਸਾਰੀਆਂ ਵੱਡੀਆਂ ਸਿਹਤ ਸੰਸਥਾਵਾਂ ਵਿਚ ਆਮ ਵਾਂਗ ਜਾਰੀ ਰਹਿਣਗੀਆਂ ਐਮਰਜੈਂਸੀ ਸੇਵਾਵਾਂ

ਐੱਸ. ਏ. ਐੱਸ. ਨਗਰ, 19 ਅਕਤੂਬਰ (ਤਰਵਿੰਦਰ ਸਿੰਘ ਬੈਨੀਪਾਲ)- ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਪ੍ਰਦੂਸ਼ਣ-ਮੁਕਤ ਤੇ ਹਰੀ-ਭਰੀ ਦੀਵਾਲੀ ਮਨਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਅੱਜ ਵਾਤਾਵਰਣ 'ਚ ਪ੍ਰਦੂਸ਼ਣ ਲਗਾਤਾਰ ਵੱਧ ਰਿਹਾ ਹੈ, ਉਸ ਨੂੰ ਵੇਖਦਿਆਂ ਪਟਾਕੇ ਚਲਾਉਣ ਤੋਂ ਗੁਰੇਜ਼ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪਟਾਕੇ ਚਲਾਉਣ ਨਾਲ ਜਿਥੇ ਆਬੋ-ਹਵਾ ਵਿਗੜਦੀ ਹੈ, ਉਥੇ ਪਟਾਕੇ ਚਲਾਉਣਾ ਜੋਖਮ ਭਰਿਆ ਅਮਲ ਵੀ ਹੈ ਤੇ ਨਾਲ ਹੀ ਇਹ ਮਨੁੱਖੀ ਸਿਹਤ ਲਈ ਵੀ ਨੁਕਸਾਨਦਾਇਕ ਹੋ ਸਕਦਾ ਹੈ। ਸੁਰੱਖਿਅਤ ਦੀਵਾਲੀ ਮਨਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਡਾ. ਜੈਨ ਨੇ ਕਿਹਾ ਕਿ ਜੇ ਪਟਾਕੇ ਚਲਾਉਣੇ ਹੀ ਹਨ ਤਾਂ ਸਾਵਧਾਨੀਆਂ ਵਰਤੀਆਂ ਜਾਣ। ਇਸ ਦੌਰਾਨ ਅੱਖਾਂ ਦਾ ਖ਼ਾਸ ਤੌਰ 'ਤੇ ਖ਼ਿਆਲ ਰੱਖਣਾ ਜ਼ਰੂਰੀ ਹੈ ਤੇ ਨਾਲ ਹੀ ਪਾਣੀ ਦੀਆਂ ਬਾਲਟੀਆਂ ਅਤੇ ਮਿੱਟੀ ਦੇ ਥੈਲੇ ਅਪਣੀ ਸੁਖਾਲੀ ਪਹੁੰਚ 'ਚ ਰੱਖੇ ਜਾਣ। ਇਸ ਤੋਂ ਇਲਾਵਾ ਛੋਟੇ ਬੱਚਿਆਂ ਨੂੰ ਆਤਿਸ਼ਬਾਜ਼ੀ ਤੋਂ ਦੂਰ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਸੁਰੱਖਿਅਤ ਅਤੇ ਵਾਤਾਵਰਣ ਹਿਤੈਸ਼ੀ ਦੀਵਾਲੀ ਪ੍ਰਤੀ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਦੀਵਾਲੀ ਵਾਲੇ ਦਿਨ ਅਤੇ ਰਾਤ ਸਮੇਂ ਜ਼ਿਲ੍ਹੇ ਦੀਆਂ ਸਾਰੀਆਂ ਵੱਡੀਆਂ ਸਿਹਤ ਸੰਸਥਾਵਾਂ ਜਿਵੇਂ ਜ਼ਿਲ੍ਹਾ ਹਸਪਤਾਲ ਮੁਹਾਲੀ, ਖਰੜ, ਕੁਰਾਲੀ, ਘੜੂੰਆਂ, ਡੇਰਾਬੱਸੀ, ਢਕੋਲੀ, ਲਾਲੜੂ, ਬਨੂੜ, ਬੂਥਗੜ੍ਹ ਆਦਿ ਵਿਚ ਜਿਥੇ ਐਮਰਜੈਂਸੀ ਸੇਵਾਵਾਂ ਆਮ ਵਾਂਗ ਚਾਲੂ ਰਹਿਣਗੀਆਂ, ਉਥੇ ਹੀ ਡਾਕਟਰਾਂ ਅਤੇ ਹੋਰ ਸਟਾਫ਼ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਹਨ ਤਾਂ ਜੋ ਕੋਈ ਅਣਸੁਖਾਵੀਂ ਘਟਨਾ ਵਾਪਰਨ 'ਤੇ ਤੁਰੰਤ ਡਾਕਟਰੀ ਸਹਾਇਤਾ ਪ੍ਰਦਾਨ ਕੀਤੀ ਜਾ ਸਕੇ।

# ਡੇਰਾਬੱਸੀ ਵਿਚ ਦਿਨ-ਦਿਹਾੜੇ ਝਪਟਮਾਰਾਂ ਦੀ ਵਾਰਦਾਤ, ਖਿੱਚ ਧੂਹ ਦੌਰਾਨ ਮਹਿਲਾ ਗੰਭੀਰ ਜ਼ਖ਼ਮੀ

ਡੇਰਾਬੱਸੀ, 19 ਅਕਤੂਬਰ (ਰਣਬੀਰ ਸਿੰਘ ਪੜ੍ਹੀ)-ਡੇਰਾਬੱਸੀ ਵਿਚ ਕਾਨੂੰਨ-ਵਿਵਸਥਾ ਨੂੰ ਠੇਂਗਾ ਦਿਖਾਉਂਦੇ ਹੋਏ ਬੇਫ਼ਿਕਰ ਲੁੱਟੇਰਿਆਂ ਨੇ ਹਲਕਾ ਵਿਧਾਇਕ ਦੇ ਦਫਤਰ ਨੇੜੇ ਦਿਨ-ਦਿਹਾੜੇ ਸਰਵਿਸ ਸੜਕ 'ਤੇ ਇਕ ਫੈਕਟਰੀ ਵਿਚ ਕੰਮ ਕਰਨ ਵਾਲੀ ਮਹਿਲਾ ਦਾ ਪਰਸ ਖੋਹ ਲਿਆ ਅਤੇ ਫਰਾਰ ਹੋ ਗਏ। ਇਸ ਦੌਰਾਨ ਮਹਿਲਾ ਨਾਲ ਖਿੱਚ ਧੂਹ ਵੇਲੇ ਮੂੰਹ ਭਾਰ ਸੜਕ 'ਤੇ ਡਿੱਗ ਪਈ, ਜਿਸ ਨਾਲ ਉਸਦੇ ਦੋ ਦੰਦ ਟੁੱਟ ਗਏ ਅਤੇ ਉਸਦੇ ਚਿਹਰੇ ਤੇ ਹੱਥਾਂ-ਪੈਰਾਂ 'ਤੇ ਸੱਟਾਂ ਲੱਗੀਆ। ਉਸਨੂੰ ਇਲਾਜ ਲਈ ਸਿਵਲ ਹਸਪਤਾਲ ਡੇਰਾਬੱਸੀ ਦਾਖ਼ਲ ਕਰਵਾਇਆ ਗਿਆ, ਜਿਥੇ ਉਸਦੇ ਬੁੱਲਾਂ 'ਤੇ ਟਾਂਕੇ ਲਗਾਏ ਗਏ। ਜਾਣਕਾਰੀ ਮੁਤਾਬਕ ਪੀੜਤ ਅਲਕਾ ਦੇਵੀ (48) ਪਤਨੀ ਰਾਜ ਕੁਮਾਰ ਨਿਵਾਸੀ ਆਨੰਦਾ ਟਾਵਰ ਐਸ. ਬੀ. ਪੀ. ਹੋਮਜ਼ ਡੇਰਾਬੱਸੀ ਹੰਸਾ ਇੰਡਸਟਰੀਅਲ ਪਾਰਕ ਸਥਿਤ ਕਲਾਈਮੈਂਟ ਗ੍ਰਿਪਸ ਨਾਮਕ ਕੰਪਨੀ ਵਿਚ ਅਸਿਸਟੈਂਟ ਪਰਚੇਜ਼ ਮੈਨੇਜਰ ਵਜੋਂ ਤਾਇਨਾਤ ਹੈ। ਸ਼ਨੀਵਾਰ ਸ਼ਾਮ ਆਪਣੀ ਡਿਊਟੀ ਤੋਂ ਬਾਅਦ ਲਗਭਗ 4.15 ਵਜੇ ਉਹ ਪੈਦਲ ਆਪਣੇ ਘਰ ਵਾਪਸ ਆ ਰਹੀ ਸੀ। ਇਸ ਦੌਰਾਨ ਉਸਦੇ ਮੋਢੇ 'ਤੇ ਪਰਸ ਤੇ ਹੱਥ 'ਚ ਇਕ ਡ੍ਰਾਈ ਫਰੂਟਸ ਦਾ ਡੱਬਾ ਸੀ ਅਤੇ ਜਦੋਂ ਉਹ ਹਲਕਾ ਵਿਧਾਇਕ ਦੇ ਦਫ਼ਤਰ ਦੇ ਨੇੜੇ ਪਹੁੰਚੀ ਤਾਂ ਪਿਛੋਂ ਬਾਈਕ 'ਤੇ ਆਏ ਦੋ ਨੌਜਵਾਨਾਂ ਨੇ ਝਟਕੇ ਨਾਲ ਉਸਦਾ ਪਰਸ ਖਿੱਚ ਲਿਆ। ਝਟਕੇ ਦੀ ਤੀਬਰਤਾ ਕਾਰਨ ਮਹਿਲਾ ਸੜਕ 'ਤੇ ਡਿੱਗ ਗਈ ਅਤੇ ਜ਼ਖ਼ਮੀ ਹੋ ਗਈ। ਉਸਨੇ ਦੱਸਿਆ ਕਿ ਪਰਸ ਵਿਚ ਦੀਵਾਲੀ ਬੋਨਸ ਵਜੋਂ ਮਿਲੇ 15 ਹਜ਼ਾਰ ਰੁਪਏ, ਇਕ ਮੋਬਾਈਲ ਫੋਨ ਅਤੇ ਕੁੱਝ ਮਹੱਤਵਪੂਰਨ ਦਸਤਾਵੇਜ਼ ਸਨ। ਉਸਨੇ ਦੱਸਿਆ ਕਿ ਇਸ ਦੌਰਾਨ ਸੜਕ 'ਤੇ ਡਿੱਗਣ ਕਾਰਨ ਉਹ ਬਾਈਕ ਦਾ ਨੰਬਰ ਨਹੀਂ ਦੇਖ ਸਕੀ। ਸੜਕ 'ਤੇ ਦਿਨ-ਦਿਹਾੜੇ ਵਿਧਾਇਕ ਦੇ ਦਫ਼ਤਰ ਦੇ ਨੇੜੇ ਹੋਈ ਇਸ ਵਾਰਦਾਤ ਨਾਲ ਇਲਾਕੇ ਵਿਚ ਸੁਰੱਖਿਆ ਪ੍ਰਬੰਧਾਂ 'ਤੇ ਸਵਾਲ ਖੜ੍ਹੇ ਹੋ ਗਏ ਹਨ। ਇਸ ਸੰਬੰਧੀ ਸਥਾਨਕ ਨਿਵਾਸੀਆਂ ਨੇ ਕਿਹਾ ਕਿ ਸਰਵਿਸ ਰੋਡ 'ਤੇ ਸ਼ਾਮ ਦੇ ਸਮੇਂ ਗਸ਼ਤ ਨਾ ਹੋਣ ਕਰਕੇ ਲੁੱਟਾਂ-ਖੋਹਾਂ ਦੀਆਂ ਘਟਨਾਵਾਂ ਵੱਧ ਰਹੀਆਂ ਹਨ। ਇਸ ਸੰਬੰਧੀ ਡੇਰਾਬੱਸੀ ਪੁਲਿਸ ਨੇ ਮਹਿਲਾ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਅਨੁਸਾਰ ਆਸ-ਪਾਸ ਦੇ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਦੋਸ਼ੀਆਂ ਦੀ ਪਛਾਣ ਕੀਤੀ ਜਾ ਸਕੇ। ਪੁਲਿਸ ਦਾ ਕਹਿਣਾ ਹੈ ਕਿ ਜਲਦੀ ਹੀ ਸਨੈਚਰਾਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ।



ਝਪਟਮਾਰੀ ਦੀ ਸ਼ਿਕਾਰ ਹੋਈ ਜ਼ਖ਼ਮੀ ਮਹਿਲਾ ਹਸਪਤਾਲ ਵਿਚ ਜ਼ੇਰੇ ਇਲਾਜ। *ਤਸਵੀਰ : ਰਣਬੀਰ ਸਿੰਘ ਪੜ੍ਹੀ*



ਰਤਵਾੜਾ ਸਾਹਿਬ ਸਕੂਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਕੀਰਤਨ ਕਰਦੇ ਹੋਏ ਬੱਚੇ। *ਤਸਵੀਰ : ਦਿਲਬਰ ਸਿੰਘ ਖੈਰਪੁਰ*

# ਰਤਵਾੜਾ ਸਾਹਿਬ ਸਕੂਲ ਵਿਖੇ ਬੰਦੀ-ਛੋੜ ਦਿਵਸ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਮਨਾਇਆ

ਮੁੱਲਾਂਪੁਰ ਗਰੀਬਦਾਸ, 19 ਅਕਤੂਬਰ (ਦਿਲਬਰ ਸਿੰਘ ਖੈਰਪੁਰ)- ਗੁਰੂ ਗੋਬਿੰਦ ਸਿੰਘ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਰਤਵਾੜਾ ਸਾਹਿਬ ਵਿਖੇ ਬੰਦੀ-ਛੋੜ ਦਿਵਸ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਲਵਲੀਨ ਕੌਰ ਨੇ ਬੰਦੀ-ਛੋੜ ਦਿਵਸ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਤੋਂ ਸਾਰਿਆਂ ਤੋਂ ਜਾਣੂ ਕਰਵਾਇਆ। ਇਸ ਮੌਕੇ ਸਕੂਲੀ ਵਿਦਿਆਰਥੀਆਂ ਵਲੋਂ ਜਪੁਜੀ ਸਾਹਿਬ ਜੀ ਦਾ ਪਾਠ ਤੇ ਕੀਰਤਨ ਕੀਤਾ ਗਿਆ। ਇਸ ਮੌਕੇ ਸਕੂਲ ਦੇ ਡਾਇਰੈਕਟਰ ਇੰਜ. ਜਗਵੰਤ ਸਿੰਘ ਨੇ ਵਿਦਿਆਰਥੀਆਂ ਨੂੰ ਬੰਦੀ-ਛੋੜ ਦਿਵਸ ਦੀ ਵਧਾਈ ਦਿੱਤੀ ਅਤੇ ਗੁਰਬਾਣੀ ਤੋਂ ਸੇਧ ਲੈ ਕੇ ਆਪਣੇ ਜੀਵਨ ਨੂੰ ਜਿਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ, ਸਮੂਹ ਸਟਾਫ਼ ਤੇ ਵਿਦਿਆਰਥੀ ਵੀ ਹਾਜ਼ਰ ਸਨ। ਇਸ ਮੌਕੇ ਟਰੱਸਟ ਦੇ ਮੁਖੀ ਸੰਤ ਬਾਬਾ ਲਖਵੀਰ ਸਿੰਘ ਵਲੋਂ ਆਪਣੇ ਵਧਾਈ ਸੰਦੇਸ਼ ਰਾਹੀਂ ਸਭਨਾਂ ਨੂੰ ਗੁਰੂ ਸਾਹਿਬ ਜੀ ਦੇ ਸਿਧਾਂਤਾਂ ਅਨੁਸਾਰ ਚੱਲਣ ਦੀ ਸਿੱਖਿਆ ਦਿੱਤੀ।



ਨਿਊ ਪਬਲਿਕ ਸਕੂਲ ਸੈਕਟਰ-18 ਦੀ ਲੜਕੀਆਂ ਦੀ ਬਾਸਕਟਬਾਲ ਟੀਮ ਅਧਿਕਾਰੀਆਂ ਨਾਲ ਇਕ ਯਾਦਗਾਰੀ ਤਸਵੀਰ ਕਰਵਾਉਂਦੇ ਹੋਏ। *ਤਸਵੀਰ : ਕਮਲਜੀਤ ਸਿੰਘ*

# ਨਿਊ ਪਬਲਿਕ ਸਕੂਲ ਸੈਕਟਰ-18 ਦੀਆਂ ਲੜਕੀਆਂ ਦੀ ਬਾਸਕਟਬਾਲ ਟੀਮ ਬਣੀ ਵਿਜੇਤਾ

ਚੰਡੀਗੜ੍ਹ, 19 ਅਕਤੂਬਰ (ਬਲਜਿੰਦਰ ਸਿੰਘ ਹਾਂਡਾ)-ਚੰਡੀਗੜ੍ਹ ਸਕੂਲ ਸਿੱਖਿਆ ਵਿਭਾਗ ਵਲੋਂ ਕਰਵਾਏ ਜਾ ਰਹੇ ਅੰਤਰ ਸਕੂਲ ਸਟੇਟ ਟੂਰਨਾਮੈਂਟ ਬਾਸਕਟਬਾਲ 19 ਸਾਲਾ ਲੜਕੀਆਂ ਦੇ ਫਾਈਨਲ ਮੁਕਾਬਲੇ 'ਚ ਨਿਊ ਪਬਲਿਕ ਸਕੂਲ ਸੈਕਟਰ-18 ਦੀ ਟੀਮ ਨੇ 31-12 ਸਕੋਰ ਦੇ ਅੰਤਰ ਨਾਲ ਸੈਕੰਡਰ ਹਾਰਟ ਸਕੂਲ ਸੈਕਟਰ-26 ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਸੈਕਰਡ ਹਾਰਡ ਦੂਸਰੇ ਸਥਾਨ 'ਤੇ ਰਿਹਾ। ਤੀਸਰੇ ਸਥਾਨ ਲਈ ਹੋਏ ਮੈਚ 'ਚ ਸਟਾਰਬੇਰੀ ਸਕੂਲ ਸੈਕਟਰ-26 ਨੇ ਗੁਰੂ ਨਾਨਕ ਪਬਲਿਕ ਸਕੂਲ ਸੈਕਟਰ-36 ਨੂੰ 44-22 ਦੇ ਫ਼ਰਕ ਨਾਲ ਹਰਾਇਆ। ਬਾਸਕਟਬਾਲ 19 ਸਾਲਾ ਲੜਕਿਆਂ ਦੇ ਵਰਗ 'ਚ ਹੋਏ ਮੁਕਾਬਲੇ 'ਚ ਗੁਰੁਕੁਲ ਸਕੂਲ ਦੀ ਟੀਮ ਨੇ ਨਿਊ ਪਬਲਿਕ ਸਕੂਲ ਸੈਕਟਰ-18 ਦੀ ਟੀਮ ਨੂੰ 49-35 ਦੇ ਫ਼ਰਕ ਨਾਲ ਹਰਾਇਆ ਤੇ ਮੈਚ ਜਿੱਤਿਆ ਅਤੇ ਦੂਸਰੇ ਮੈਚ 'ਚ ਐਸ.ਡੀ ਸਕੂਲ ਸੈਕਟਰ-32 ਨੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸੈਕਟਰ-33 ਦੀ ਟੀਮ ਨੂੰ 50-32 ਅੰਕਾਂ ਦੇ ਫ਼ਰਕ ਨਾਲ ਹਰਾ ਕੇ ਮੈਚ ਜਿੱਤ ਲਿਆ।

# 'ਆਪ' ਨੇ ਚਾਰ ਪਦਮਸ੍ਰੀ ਅਤੇ ਲੋਕ ਹਿੱਤ ਵਿਚ ਕੰਮ ਕਰਨ ਵਾਲੇ ਨੇਤਾਵਾਂ ਨੂੰ ਰਾਜ ਸਭਾ 'ਚ ਭੇਜਿਆ- ਹਰਚੰਦ ਸਿੰਘ ਬਰਸਟ

ਚੰਡੀਗੜ੍ਹ, 19 ਅਕਤੂਬਰ (ਅਜਾਇਬ ਸਿੰਘ ਔਜਲਾ)-ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵਲੋਂ ਰਜਿੰਦਰ ਗੁਪਤਾ ਨੂੰ ਨਿਰਵਿਰੋਧ ਰਾਜ ਸਭਾ ਮੈਂਬਰ ਚੁਣੇ ਜਾਣ 'ਤੇ ਵਧਾਈ ਦਿੱਤੀ ਗਈ ਹੈ। ਬਰਸਟ ਨੇ ਕਿਹਾ ਕਿ ਰਜਿੰਦਰ ਗੁਪਤਾ ਵਰਗੇ ਕਾਬਿਲ, ਪੜ੍ਹੇ-ਲਿਖੇ ਅਤੇ ਸਮਾਜ ਸੇਵਾ ਨੂੰ ਸਮਰਪਿਤ ਵਿਅਕਤੀ ਨੂੰ ਰਾਜ ਸਭਾ ਵਿਚ ਭੇਜਣਾ ਗੌਰਵ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਯੋਗਤਾ, ਇਮਾਨਦਾਰੀ ਅਤੇ ਲੋਕ ਭਲਾਈ ਲਈ ਕੰਮ ਕਰਨ ਵਾਲਿਆਂ ਸ਼ਖ਼ਸੀਅਤਾਂ ਨੂੰ ਤਰਜੀਹ ਦਿੰਦੀ ਹੈ। ਆਮ ਆਦਮੀ ਪਾਰਟੀ ਵਲੋਂ ਸਮਾਜ ਦੀ ਭਲਾਈ ਲਈ ਚੰਗੀ ਕਾਰਗੁਜ਼ਾਰੀ ਕਰਨ ਵਾਲੇ ਨੇਤਾਵਾਂ ਨੂੰ ਹੀ ਰਾਜ ਸਭਾ ਮੈਂਬਰ ਵਜੋਂ ਚੁਣਿਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਰਜਿੰਦਰ ਗੁਪਤਾ ਨਾ ਸਿਰਫ਼ ਇੱਕ ਵੱਡੇ ਉਦਯੋਗਪਤੀ ਹਨ, ਸਗੋਂ ਚੰਗੇ ਸਮਾਜ ਸੇਵਕ ਵੀ ਹਨ, ਜਿਹੜੇ ਹਰ ਸਮੇਂ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਆਏ ਹਨ। ਉਨ੍ਹਾਂ ਉਦਯੋਗ ਅਤੇ ਵਪਾਰ ਖੇਤਰ ਵਿਚ ਵਿਸ਼ੇਸ਼ ਯੋਗਦਾਨ ਦਿੱਤਾ ਹੈ, ਜਿਸਦੇ ਲਈ ਉਨ੍ਹਾਂ ਨੂੰ 2007 ਵਿਚ 'ਪਦਮ ਸ਼੍ਰੀ' ਸਨਮਾਨ ਨਾਲ ਵੀ ਨਿਵਾਜਿਆ ਗਿਆ ਹੈ। ਬਰਸਟ ਨੇ ਦੱਸਿਆ ਕਿ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਗ੍ਰੈਜੂਏਟ ਹਨ ਤੇ ਵਾਤਾਵਰਨ ਪ੍ਰੇਮੀ ਹਨ। ਸੰਤ ਸੀਚੇਵਾਲ ਨੂੰ ਪਰਿਆਵਰਨ ਸੰਰਖਣ ਲਈ 2017 ਵਿਚ ਪਦਮ ਸ੍ਰੀ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ। ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ, ਜਿਨ੍ਹਾਂ ਵਲੋਂ ਮਾਸਟਰ ਇਨ ਇਕਨੌਮਿਕਸ ਕੀਤੀ ਹੋਈ ਹੈ, ਦਾ ਉਦਯੋਗ ਅਤੇ ਸਿੱਖਿਆ ਦੇ ਖੇਤਰ ਵਿਚ ਚੰਗਾ ਯੋਗਦਾਨ ਹੈ, ਜਿਸਦੇ ਲਈ ਉਨ੍ਹਾਂ ਨੂੰ 2008 ਵਿਚ ਪਦਮ ਸ੍ਰੀ ਸਨਮਾਨ ਨਾਲ ਵੀ ਨਿਵਾਜਿਆ ਗਿਆ ਹੈ। ਸੂਬਾ ਜਨਰਲ ਸਕੱਤਰ ਨੇ ਦੱਸਿਆ ਕਿ ਮਸ਼ਹੂਰ ਕ੍ਰਿਕੇਟਰ ਹਰਭਜਨ ਸਿੰਘ ਨੂੰ ਖੇਡਾਂ ਵਿਚ ਯੋਗਦਾਨ ਲਈ 2009 ਵਿਚ ਪਦਮ ਸ੍ਰੀ ਸਨਮਾਨ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕ ਕੇਂਦਰਤ, ਵਿਕਾਸਸ਼ੀਲ ਤੇ ਸਮਾਜਿਕ ਬਦਲਾਅ ਦੀ ਪਹਿਚਾਣ ਬਣ ਚੁੱਕੀ ਹੈ ਅਤੇ ਜ਼ਮੀਨੀ ਪੱਧਰ ਤੇ ਕੰਮ ਕਰਨ ਵਾਲੇ ਨੇਤਾਵਾਂ ਨੂੰ ਅੱਗੇ ਲਿਆਉਣਾ ਸਾਡੀ ਵਚਨਬੱਧਤਾ ਹੈ।

# ਹਰਿਆਣਾ 'ਚ ਭਾਜਪਾ ਸਰਕਾਰ ਦੇ ਤੀਜੇ ਕਾਰਜਕਾਲ ਦਾ ਇਕ ਸਾਲ ਪੂਰਾ ਹੋਣ 'ਤੇ ਰਾਜ ਪੱਧਰੀ ਸਮਾਗਮ ਕਰਵਾਇਆ

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

ਪੰਚਕੂਲਾ, 19 ਅਕਤੂਬਰ (ਕਪਿਲ)- ਹਰਿਆਣਾ 'ਚ ਭਾਜਪਾ ਦੀ ਸਰਕਾਰ ਦੇ ਤੀਜੇ ਕਾਰਜਕਾਲ ਦਾ ਇਕ ਸਾਲ ਪੂਰਾ ਹੋਣ 'ਤੇ ਪੰਚਕੂਲਾ ਦੇ ਸੈਕਟਰ-5 ਸਥਿਤ ਇੰਦਰਧਨੁਸ਼ ਆਡੀਟੋਰੀਅਮ ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਹਰਿਆਣਾ ਵਿਧਾਨ ਸਭਾ ਦੇ ਸਪੀਕਰ ਹਰਿੰਦਰ ਕਲਿਆਣ, ਕਾਲਕਾ ਵਿਧਾਨ ਸਭਾ ਤੋਂ ਵਿਧਾਇਕਾ ਸ਼ਕਤੀ ਰਾਣੀ ਸ਼ਰਮਾ ਤੇ ਸਾਬਕਾ ਵਿਧਾਨ ਸਭਾ ਸਪੀਕਰ ਗਿਆਨ ਚੰਦ ਗੁਪਤਾ ਵੀ ਹਾਜ਼ਰ ਸਨ। ਇਸ ਮੌਕੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਆਪਣੇ ਸੰਬੋਧਨ 'ਚ ਭਾਜਪਾ ਦਾ ਸਾਥ ਦੇਣ ਬਦਲੇ ਜਨਤਾ ਦਾ ਧੰਨਵਾਦ ਕੀਤਾ। ਉਨ੍ਹਾਂ ਗ਼ਰੀਬ ਲੋਕਾਂ ਨੂੰ ਪਲਾਟਾਂ ਦੀ ਅਲਾਟਮੈਂਟ ਦੇ ਪੱਤਰ ਵੰਡੇ ਅਤੇ ਨਾਲ ਹੀ ਇਹ ਐਲਾਨ ਵੀ ਕੀਤਾ ਕਿ ਹਰਿਆਣਾ ਵਿਚ ਦਿੱਤੀ ਜਾਣ ਵਾਲੀ ਬੁਢਾਪਾ ਪੈਨਸ਼ਨ ਨੂੰ ਵਧਾ ਕੇ 3200 ਰੁ. ਕੀਤੀ ਜਾ ਰਹੀ ਹੈ। ਪ੍ਰੋਗਰਾਮ ਤੋਂ ਬਾਅਦ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੱਤਰਕਾਰ ਸੰਮੇਲਨ ਦੌਰਾਨ ਸਾਰਿਆਂ ਨੂੰ ਤਿਓਹਾਰਾਂ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਤੀਜੇ ਕਾਰਜਕਾਲ ਦਾ ਪਹਿਲਾ ਸਾਲ ਗੌਰਵਮਈ ਤੇ ਦਿਲ ਨੂੰ ਛੂਹਣ ਵਾਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਗ੍ਰਾਮੀਣ ਆਵਾਸ ਯੋਜਨਾ ਦੇ ਦੂਜੇ ਪੜਾਅ 'ਚ 141 ਪਿੰਡਾਂ 'ਚ 8029 ਪਲਾਟਾਂ ਦੀ ਵੰਡ ਕੀਤੀ ਗਈ ਹੈ, ਜਦਕਿ ਪਹਿਲੇ ਪੜਾਅ 'ਚ 4002 ਪਲਾਟ ਵੰਡੇ ਗਏ ਸਨ। ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਸ਼ਹਿਰੀ ਆਵਾਸ ਯੋਜਨਾ ਤਹਿਤ ਪਹਿਲਾਂ 15,247 ਪਲਾਟ ਦਿੱਤੇ ਗਏ ਸਨ। ਪੰਚਾਇਤਾਂ ਅਤੇ ਸ਼ਹਿਰੀ ਖੇਤਰਾਂ ਦੇ ਵਿਕਾਸ ਲਈ ਸਰਕਾਰ ਨੇ 1044 ਕਰੋੜ 57 ਲੱਖ ਰੁ. ਪੰਚਾਇਤਾਂ ਦੇ ਖਾਤਿਆਂ ਵਿਚ ਭੇਜੇ ਹਨ ਅਤੇ 322 ਪਿੰਡਾਂ ਦੀਆਂ ਫਿਰਨੀਆਂ ਪੱਕੀਆਂ ਕਰਨ ਲਈ 169 ਕਰੋੜ ਜਾਰੀ ਕੀਤੇ ਹਨ। ਇਸ ਤੋਂ ਇਲਾਵਾ ਸ਼ਹਿਰੀ ਸਥਾਨਕ ਨਿਕਾਇਆਂ ਲਈ 10,483 ਕਰੋੜ ਰੁ. ਜਾਰੀ ਕੀਤੇ ਗਏ ਹਨ ਅਤੇ ਆਉਣ ਵਾਲੇ ਸਮੇਂ 'ਚ ਤਿੰਨ ਗੁਣਾ ਤੇਜ਼ੀ ਨਾਲ ਵਿਕਾਸ ਕਾਰਜ ਹੋਣਗੇ। ਉਨ੍ਹਾਂ ਕਿਹਾ ਕਿ 1 ਨਵੰਬਰ ਤੋਂ ਬਜ਼ੁਰਗਾਂ ਦੀ ਪੈਨਸ਼ਨ 3200 ਰੁ. ਕੀਤੀ ਜਾ ਰਹੀ ਹੈ। ਇਸੇ ਦੌਰਾਨ ਆਈ. ਪੀ. ਐੱਸ. ਅਤੇ ਏ. ਐੱਸ. ਆਈ. ਦੇ ਖ਼ੁਦਕੁਸ਼ੀ ਮਾਮਲਿਆਂ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ ਦੋਵੇਂ ਘਟਨਾਵਾਂ ਦੁਖਦਾਈ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਇਕ ਮਾਮਲੇ ਦੀ ਜਾਂਚ ਚੰਡੀਗੜ੍ਹ ਪੁਲਿਸ ਅਤੇ ਦੂਜੇ ਦੀ ਹਰਿਆਣਾ ਪੁਲਿਸ ਕਰ ਰਹੀ ਹੈ ਅਤੇ ਕਿਸੇ ਨਾਲ ਵੀ ਬੇਇਨਸਾਫ਼ੀ ਨਹੀਂ ਹੋਣ ਦਿੱਤੀ ਜਾਵੇਗੀ।



ਪੰਚਕੂਲਾ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੀ ਦੀਪ ਸ਼ਿਖਾ ਜਲਾ ਕੇ ਸ਼ੁਰੂਆਤ ਕਰਵਾਉਂਦੇ ਹੋਏ ਮੁੱਖ ਮੰਤਰੀ ਨਾਇਬ ਸਿੰਘ ਸੈਣੀ। *ਤਸਵੀਰ : ਕਪਿਲ*



ਆਸ਼ਮਾ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਸੰਬੰਧੀ ਜਾਗਰੂਕਤਾ ਰੈਲੀ ਕੱਢਦੇ ਹੋਏ। *ਅਜੀਤ ਤਸਵੀਰ*

# ਆਸ਼ਮਾ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਜਾਗਰੂਕਤਾ ਰੈਲੀ ਕੱਢੀ

ਐੱਸ. ਏ. ਐੱਸ. ਨਗਰ, 19 ਅਕਤੂਬਰ (ਤਰਵਿੰਦਰ ਸਿੰਘ ਬੈਨੀਪਾਲ)-ਸਥਾਨਕ ਸੈਕਟਰ-70 ਸਥਿਤ ਆਸ਼ਮਾ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਵਲੋਂ ਮੁਹਾਲੀ ਵਾਸੀਆਂ ਨੂੰ ਪ੍ਰਦੂਸ਼ਣ ਮੁਕਤ ਦੀਵਾਲੀ ਲਈ ਪ੍ਰੇਰਿਤ ਕਰਨ ਦੇ ਮਕਸਦ ਨਾਲ ਇਕ ਜਾਗਰੂਕਤਾ ਰੈਲੀ ਕੱਢੀ ਗਈ। ਇਹ ਰੈਲੀ ਸੈਕਟਰ-70 ਤੋਂ ਸ਼ੁਰੂ ਹੋ ਕੇ ਵਾਪਸ ਉਕਤ ਸਕੂਲ ਵਿਖੇ ਖ਼ਤਮ ਹੋਈ। ਇਸ ਦੌਰਾਨ ਵਿਦਿਆਰਥੀਆਂ ਵਲੋਂ ਹੱਥਾਂ 'ਚ ਬੈਨਰ ਫੜ ਕੇ ਲੋਕਾਂ ਨੂੰ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਸ਼ੋਰ ਅਤੇ ਪ੍ਰਦੂਸ਼ਣ ਰਹਿਤ ਦੀਵਾਲੀ ਅਤੇ ਲੋਕਾਂ ਨੂੰ ਕੁਦਰਤ ਦੀ ਸੇਵਾ ਲਈ ਬੂਟੇ ਲਾ ਕੇ ਮਨਾਉਣ ਦੀ ਅਪੀਲ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਵਲੋਂ ਫ਼ੇਜ਼-7 ਅਤੇ ਫ਼ੇਜ਼-3 ਦੀ ਮਾਰਕੀਟ ਵਿਚ ਨਾਗਰਿਕਾਂ ਨੂੰ ਦੀਵਾਲੀ ਦੇ ਪ੍ਰਦੂਸ਼ਣ ਨਾਲ ਹੋਣ ਵਾਲੇ ਨੁਕਸਾਨਾਂ ਪ੍ਰਤੀ ਸੁਚੇਤ ਕਰਵਾਉਂਦੇ ਹੋਏ ਇਕ ਨੁੱਕੜ ਨਾਟਕ ਵੀ ਖੇਡਿਆ ਗਿਆ। ਇਸ ਤੋਂ ਪਹਿਲਾਂ ਸਕੂਲ ਦੇ ਚੇਅਰਮੈਨ ਜੇ. ਐੱਸ. ਕੇਸਰ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਆਪਣੇ ਮਾਪਿਆਂ ਨੂੰ ਵੀ ਵਾਧੂ ਖ਼ਰਚ ਕਰਨ ਤੋਂ ਰੋਕਦੇ ਹੋਏ ਇਹ ਦੀਵਾਲੀ ਸਿਰਫ਼ ਦੀਵੇ ਜਲਾ ਕੇ ਅਤੇ ਆਪਣੇ ਆਸੇ ਪਾਸੇ ਇਕ ਬੂਟਾ ਲਗਾ ਕੇ ਮਨਾਉਣ ਅਪੀਲ ਕੀਤੀ।



ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਪ੍ਰੋ. ਮਾਰਕੋ ਵੈਨ ਲੀਉਵੇਨ ਅਤੇ ਉਪ ਕੁਲਪਤੀ ਪ੍ਰੋ. ਰੇਣੂ ਵਿਗ ਜਾਣਕਾਰੀ ਦਿੰਦੇ ਹੋਏ। *ਤਸਵੀਰ : ਗੁਰਿੰਦਰ ਸਿੰਘ*

# ਭੌਤਿਕ ਵਿਗਿਆਨੀ ਪ੍ਰੋ. ਮਾਰਕੋ ਵੈਨ ਲੀਉਵੇਨ ਨੇ ਪੰਜਾਬ ਯੂਨੀਵਰਸਿਟੀ ਦਾ ਕੀਤਾ ਦੌਰਾ

ਚੰਡੀਗੜ੍ਹ, 19 ਅਕਤੂਬਰ (ਮਾਰਕੰਡਾ)- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਪ੍ਰੋ. ਮਾਰਕੋ ਵੈਨ ਲੀਉਵੇਨ ਨੇ ਪੀ. ਯੂ. ਦੀ ਉਪ ਕੁਲਪਤੀ ਪ੍ਰੋ. ਰੇਣੂ ਵਿਗ ਨਾਲ ਮੁਲਾਕਾਤ ਕੀਤੀ ਅਤੇ ਭਵਿੱਖ ਦੇ ਮੌਕਿਆਂ 'ਤੇ ਅੰਤਰਰਾਸ਼ਟਰੀ ਉੱਚ-ਊਰਜਾ ਭੌਤਿਕ ਵਿਗਿਆਨ ਪ੍ਰਯੋਗਾਂ ਵਿਚ ਭਾਰਤੀ ਸੰਸਥਾਵਾਂ ਦੀ ਵਧਦੀ ਭੂਮਿਕਾ ਬਾਰੇ ਚਰਚਾ ਕੀਤੀ ਗਈ। ਪ੍ਰੋ. ਵੈਨ ਲੀਉਵੇਨ ਨੇ ਕਿਹਾ ਕਿ ਅਤਿਅੰਤ ਸਥਿਤੀਆਂ ਵਿਚ ਮਜ਼ਬੂਤੀ ਨਾਲ ਪਰਸਪਰ ਪ੍ਰਭਾਵ ਪਾਉਣ ਵਾਲੇ ਪਦਾਰਥ ਦੇ ਗੁਣਾਂ ਬਾਰੇ ਚਾਨਣਾ ਪਾਇਆ। ਜੋ ਕਿ ਬ੍ਰਹਿਮੰਡ ਦੇ ਪਲਾਂ ਦੀ ਸਥਿਤੀ ਵਿਚ ਨਵੀਂ ਸਮਝ ਪ੍ਰਦਾਨ ਕਰਦੇ ਹਨ। ਇਸ ਦੌਰੇ ਦਾ ਤਾਲਮੇਲ ਭੌਤਿਕ ਵਿਗਿਆਨ ਵਿਭਾਗ ਪੀਯੂ ਦੇ ਪ੍ਰੋ. ਲੋਕੇਸ਼ ਕੁਮਾਰ ਦੁਆਰਾ ਕੀਤਾ ਗਿਆ ਸੀ, ਜਿਸ ਨੇ ਦੁਨੀਆ ਦੇ ਮੋਹਰੀ ਕਣ ਭੌਤਿਕ ਵਿਗਿਆਨ ਸਹਿਯੋਗਾਂ ਵਿੱਚੋਂ ਇਕ ਅਤੇ ਭਾਰਤੀ ਉੱਚ-ਊਰਜਾ ਭੌਤਿਕ ਵਿਗਿਆਨ ਭਾਈਚਾਰੇ ਵਿਚਕਾਰ ਇੱਕ ਮਹੱਤਵਪੂਰਨ ਅਕਾਦਮਿਕ ਸ਼ਮੂਲੀਅਤ ਨੂੰ ਦਰਸਾਇਆ। ਪ੍ਰੋ. ਵੈਨ ਲੀਯੂਵੇਨ ਨੇ ਪੀਯੂ ਦੇ ਭੌਤਿਕ ਵਿਗਿਆਨ ਵਿਭਾਗ ਦੇ ਚੇਅਰਪਰਸਨ ਪ੍ਰੋ. ਸੂਰਿਆ ਕਾਂਤ ਤ੍ਰਿਪਾਠੀ ਨਾਲ ਵੀ ਮੁਲਾਕਾਤ ਕੀਤੀ ਅਤੇ ਉੱਚ-ਊਰਜਾ ਪ੍ਰਮਾਣੂ ਭੌਤਿਕ ਵਿਗਿਆਨ ਵਿਚ ਸਹਿਯੋਗੀ ਖੋਜ ਨੂੰ ਮਜ਼ਬੂਤ ਕਰਨ ਬਾਰੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ।

# 'ਯੁੱਧ ਨਸ਼ਿਆਂ ਵਿਰੁੱਧ' ਦੇ 232ਵੇਂ ਦਿਨ ਪੰਜਾਬ ਪੁਲਿਸ ਵਲੋਂ 561 ਗ੍ਰਾਮ ਹੈਰੋਇਨ ਤੇ 1.1 ਕਿਲੋ ਅਫ਼ੀਮ ਸਮੇਤ 67 ਨਸ਼ਾ ਤਸਕਰ ਕਾਬੂ

ਚੰਡੀਗੜ੍ਹ, 19 ਅਕਤੂਬਰ (ਅਜੀਤ ਬਿਊਰੋ) - ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਵਿੱਢੇ ਗਏ 'ਯੁੱਧ ਨਸ਼ਿਆਂ ਵਿਰੁੱਧ' ਦੇ 232ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 306 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿਚ 58 ਐਫ.ਆਈ.ਆਰਜ਼ ਦਰਜ ਕਰਕੇ 67 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 232 ਦਿਨਾਂ ਵਿਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 33,500 ਹੋ ਗਈ ਹੈ। ਇਨ੍ਹਾਂ ਛਾਪਿਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 561 ਗ੍ਰਾਮ ਹੈਰੋਇਨ, 1.1 ਕਿਲੋਗ੍ਰਾਮ ਅਫ਼ੀਮ, 1229 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 6360 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਆਪ੍ਰੇਸ਼ਨ ਦੌਰਾਨ 57 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 800 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿਚ 306 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 332 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈ.ਡੀ.ਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ ਅੱਜ 23 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।